# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-11-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨੇ ਅਯੁੱਧਿਆ ਵਿਖੇ ਸ਼੍ਰੀ ਰਾਮ ਜਨਮ ਭੂਮੀ ਮੰਦਰ ਦੇ ਸਿਖਰ 'ਤੇ ਧਰਮ ਝੰਡਾ ਲਹਿਰਾਇਆ |

- ਪ੍ਰਧਾਨ ਮੰਤਰੀ ਵਲੋਂ ਕੁਰੂਕਸ਼ੇਤਰ ਵਿਚ ਗੁਰੂ ਤੇਗ ਬਹਾਦਰ ਜੀ ਦੀ  ਯਾਦ ਵਿੱਚ ਡਾਕ ਟਿਕਟ ਤੇ ਸਿੱਕਾ ਜਾਰੀ |

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਗੁਰੂ ਤੇਗ਼ ਬਹਾਦਰ ਜੀ ਦੇ ਨਾਮ 'ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕਰਨ ਦਾ ਐਲਾਨ |

- ਰਿਸ਼ਵਤ ਮਾਮਲੇ ਚ ਗ੍ਰਿਫ਼ਤਾਰ ਬਟਾਲਾ ਦੇ ਐਸ.ਡੀ.ਐਮ. ਤੇ ਨਗਰ ਨਿਗਮ ਕਮਿਸ਼ਨਰ ਵਿਕਰਮਜੀਤ ਸਿੰਘ ਪਾਂਥੇ ਨੂੰ ਦੋ ਦਿਨ ਦੇ ਹੋਰ ਵਿਜੀਲੈਂਸ ਰਿਮਾਂਡ ਤੇ ਭੇਜਿਆ |

- ਕਲ 76ਵਾਂ ਸੰਵਿਧਾਨ ਦਿਵਸ ਮਨਾਇਆ ਜਾ ਰਿਹੈ-ਪੰਜਾਬ ਵਿਚ ਸਕੂਲੀ ਬਚਿਆ ਲਈ ਇਕ ਵਿਸ਼ੇਸ਼ ਉਪਰਾਲਾ ਕੀਤਾ ਗਿਆ ਏ |

## ***ਹੁਣ ਖਬਰਾਂ ਵਿਸਥਾਰ ਨਾਲ***

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਉੱਤਰ ਪ੍ਰਦੇਸ਼ ਦੇ ਅਯੁੱਧਿਆ ਵਿੱਚ ਸ੍ਰੀ ਰਾਮ ਜਨਮ ਭੂਮੀ ਮੰਦਰ ਦੇ ਸਿਖਰ 'ਤੇ ਧਰਮ ਝੰਡਾ ਲਹਿਰਾਇਆ । ਇਹ ਮੰਦਰ ਦੀ ਉਸਾਰੀ ਦੇ ਮੁਕੰਮਲ ਹੋਣ ਤੇ ਸੱਭਿਆਚਾਰਕ ਜਸ਼ਨ ਤੇ ਰਾਸ਼ਟਰੀ ਏਕਤਾ ਦੇ ਇਕ ਨਵੇਂ ਅਧਿਆਏ ਦੀ ਸ਼ੁਰੂਆਤ ਦਾ ਪ੍ਰਤੀਕ ਏ । ਇਸ ਮੌਕੇ ਬੋਲਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਝੰਡਾ ਭਾਰਤੀ ਸੱਭਿਅਤਾ ਦੇ ਪੁਨਰਜਾਗਰਣ ਨੂੰ ਦਰਸਾਉਂਦਾ ਏ । ਉਨ੍ਹਾਂ ਕਿਹਾ, ਇਹ ਪਵਿੱਤਰ ਝੰਡਾ ਇਸ ਗੱਲ ਦੇ ਪ੍ਰਮਾਣ ਵਜੋਂ ਖੜ੍ਹਾ ਹੋਵੇਗਾ ਕਿ ਸੱਚ ਆਖਰਕਾਰ ਝੂਠ 'ਤੇ ਜਿੱਤ ਪ੍ਰਾਪਤ ਕਰਦਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਲੋਕਤੰਤਰ ਇਸ ਦੇਸ਼ ਦੇ

ਡੀ.ਐਨ.ਏ. ਵਿੱਚ ਏ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਹਰੇਕ ਵਿਅਕਤੀ, ਖਾਸ ਕਰਕੇ ਸਮਾਜ ਦੇ ਹਾਸ਼ੀਏ 'ਤੇ ਧੱਕੇ ਗਏ ਵਰਗਾਂ ਦੇ ਉਭਾਰ ਲਈ ਕੰਮ ਕਰ ਰਹੀ ਏ । ਉਨ੍ਹਾਂ ਕਿਹਾ ਕਿ  ਰਾਮ ਵਿਤਕਰਾ ਨਹੀਂ ਕਰਦੇ, ਤੇ ਸਰਕਾਰ ਵੀ ਉਸੇ ਭਾਵਨਾ ਨਾਲ ਅੱਗੇ ਵਧ ਰਹੀ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਸਦੀਆਂ ਦੇ ਜ਼ਖ਼ਮ ਤੇ ਦਰਦ ਭਰ ਰਹੇ ਨੇ ਕਿਉਂਕਿ ਅਯੁੱਧਿਆ ਵਿੱਚ ਰਾਮ ਮੰਦਰ ਦੇ ਰਸਮੀ ਸੰਪੂਰਨ ਹੋਣ ਨਾਲ 500 ਸਾਲ ਪੁਰਾਣਾ ਸੰਕਲਪ ਆਖਰਕਾਰ ਪੂਰਾ ਹੋ ਰਿਹਾ ਏ । ਅਯੁੱਧਿਆ ਸ਼ਹਿਰ ਬਾਰੇ ਗੱਲ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ, ਅਯੁੱਧਿਆ ਵਿਕਸਿਤ ਭਾਰਤ ਦੀ ਰੀੜ੍ਹ ਦੀ ਹੱਡੀ ਬਣ ਰਿਹਾ ਏ ਤੇ ਇਹ ਆਉਣ ਵਾਲੇ ਸਾਲਾਂ ਵਿੱਚ ਅਧਿਆਤਮਿਕਤਾ ਅਤੇ ਆਧੁਨਿਕ ਤਕਨਾਲੋਜੀ ਦੇ ਸੰਗਮ ਦਾ ਗਵਾਹ ਬਣੇਗਾ ।

-----------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰਿਆਣਾ ਦੇ ਕੁਰੂਕਸ਼ੇਤਰ ਵਿਚ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਆਯੋਜਿਤ ਰਾਜ ਪੱਧਰੀ ਸਮਾਗਮ ਵਿੱਚ ਹਿੱਸਾ ਲਿਆ। ਉਨ੍ਹਾਂ  ਗੁਰੂ ਗ੍ਰੰਥ ਸਾਹਿਬ ਨੂੰ ਮੱਥਾ ਟੇਕਿਆ ਤੇ ਬਾਅਦ ਵਿੱਚ ਗੁਰੂ  ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੀ ਯਾਦ ਵਿੱਚ ਆਯੋਜਿਤ ਪ੍ਰਦਰਸ਼ਨੀ ਦਾ ਦੌਰਾ

ਕੀਤਾ। ਸ੍ਰੀ ਮੋਦੀ ਨੇ ਸਤਿਕਾਰਯੋਗ ਗੁਰੂ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਸਿੱਕਾ ਤੇ ਯਾਦਗਾਰੀ ਡਾਕ ਟਿਕਟ ਵੀ ਜਾਰੀ ਕੀਤੀ।

Byte

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੀ ਇਸ ਮੌਕੇ ਮੌਜੂਦ ਸਨ। ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਸਨਮਾਨ ਵਿਚ ਕੇਂਦਰ ਸਰਕਾਰ ਵਲੋਂ ਕਰਵਾਏ ਜਾ ਰਹੇ ਸਮਾਰੋਹ ਇਕ ਸਾਲ ਤਕ ਚੱਲਣਗੇ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਜੋਤੀਸਰ ਵਿੱਚ ਭਗਵਾਨ ਕ੍ਰਿਸ਼ਨ ਦੇ ਪਵਿੱਤਰ ਸ਼ੰਖ ਦੇ ਸਨਮਾਨ ਵਿਚ ਬਣੇ 'ਪੰਚਜਨਯ ਸਮਾਰਕ' ਦਾ ਉਦਘਾਟਨ ਕੀਤਾ। ਉਨ੍ਹਾਂ ਜੋਤੀਸਰ ਵਿੱਚ ਅਨੁਭਵ ਕੇਂਦਰ ਦਾ ਵੀ ਦੌਰਾ ਕੀਤਾ।

---------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰੂ ਤੇਗ਼ ਬਹਾਦਰ ਜੀ ਦੇ ਨਾਮ 'ਤੇ ਇੱਕ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕਰਨ ਦਾ ਐਲਾਨ ਕੀਤਾ ਏ। ਇਹ ਐਲਾਨ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਮਨਾਉਣ ਲਈ ਆਯੋਜਿਤ ਸਮਾਗਮਾਂ ਦੇ ਸਮਾਪਤੀ ਸਮਾਰੋਹ

ਦੌਰਾਨ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪ੍ਰਸਤਾਵਿਤ ਯੂਨੀਵਰਸਿਟੀ ਗੁਰੂ ਜੀ ਦੇ ਮਨੁੱਖੀ ਅਧਿਕਾਰਾਂ, ਸ਼ਾਂਤੀ ਤੇ ਕੁਰਬਾਨੀ ਦੇ ਸੰਦੇਸ਼ ਤੋਂ ਪ੍ਰੇਰਿਤ ਉੱਚ-ਗੁਣਵੱਤਾ ਵਾਲੀ ਸਿੱਖਿਆ ਦਾ ਇਕ ਵਿਸ਼ਵਵਿਆਪੀ ਕੇਂਦਰ ਬਣੇਗੀ।

byte

ਮੁੱਖ ਮੰਤਰੀ ਨੇ ਕੱਲ੍ਹ ਪੰਜਾਬ ਵਿਧਾਨ ਸਭਾ ਦੇ ਇਕ ਵਿਸ਼ੇਸ਼ ਇਜਲਾਸ ਦੌਰਾਨ ਪਵਿੱਤਰ ਐਲਾਨੇ ਸ੍ਰੀ ਆਨੰਦਪੁਰ ਸਾਹਿਬ, ਤਲਵੰਡੀ ਸਾਬੋ ਤੇ ਅੰਮ੍ਰਿਤਸਰ ਦੇ ਅੰਦਰੂਨੀ ਸ਼ਹਿਰ ਵਿੱਚ ਬੱਸਾਂ ਤੇ ਈ-ਰਿਕਸ਼ਾ ਰਾਹੀਂ ਮੁਫ਼ਤ ਯਾਤਰਾ ਦਾ ਐਲਾਨ ਵੀ ਕੀਤਾ।

---------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੱਲ੍ਹ ਸੰਵਿਧਾਨ ਸਦਨ ਦੇ ਸੈਂਟਰਲ ਹਾਲ ਵਿਖੇ ਸੰਵਿਧਾਨ ਦਿਵਸ ਸਮਾਰੋਹ ਵਿਚ ਹਿੱਸਾ ਲੈਣਗੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ, ਦੋਵਾਂ ਸਦਨਾਂ ਦੇ ਸੰਸਦ ਮੈਂਬਰਾਂ ਦੇ ਨਾਲ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ। ਰਾਸ਼ਟਰਪਤੀ ਮੁਰਮੂ ਪ੍ਰੋਗਰਾਮ ਦੌਰਾਨ ਸੰਵਿਧਾਨ ਦੀ ਪ੍ਰਸਤਾਵਨਾ ਦੇ ਪਾਠ ਦੀ ਅਗਵਾਈ ਕਰਨਗੇ। ਇਸ ਤੋਂ ਇਲਾਵਾ, ਸੰਵਿਧਾਨ ਦਾ ਅਨੁਵਾਦਿਤ ਸੰਸਕਰਣ ਨੌਂ

ਭਾਸ਼ਾਵਾਂ ਵਿੱਚ ਜਾਰੀ ਕੀਤਾ ਜਾਵੇਗਾ, ਜਿਸ ਵਿੱਚ ਪੰਜਾਬੀ ਤੇ ਕਸ਼ਮੀਰੀ ਸ਼ਾਮਲ ਨੇ । ਬਾਕੀ ਸੱਤ ਭਾਸ਼ਾਵਾਂ ਤੇਲਗੂ, ਉੜੀਆ, ਮਲਿਆਲਮ, ਮਰਾਠੀ, ਨੇਪਾਲੀ, ਬੋਡੋ ਤੇ ਅਸਾਮੀ ਨੇ । ਇਸ ਮੌਕੇ ਇਕ ਯਾਦਗਾਰੀ ਕਿਤਾਬਚਾ ਵੀ ਜਾਰੀ ਕੀਤਾ ਜਾਵੇਗਾ । ਇਸ ਸਾਲ ਸੰਵਿਧਾਨ ਨੂੰ ਅਪਣਾਉਣ ਦੀ 76ਵੀਂ ਵਰ੍ਹੇਗੰਢ ਏ। ਇਸੇ ਦੌਰਾਨ ਪੰਜਾਬ ਸਰਕਾਰ ਵਲੋਂ ਕਲ 26 ਨਵੰਬਰ ਨੂੰ ਵਿਧਾਨ ਸਭਾ ਦਾ ਇਕ ਦਿਨ ਲਈ ਇਕ ਵਿਸ਼ੇਸ਼ ਵਿਦਿਆਰਥੀ ਇਜਲਾਸ ਬੁਲਾਇਆ ਏ। ਇਹ ਇਜਲਾਸ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਦੇ ਸਰਕਾਰੀ ਸਕੂਲਾਂ ਵਿਚੋਂ ਚੁਣੇ ਗਏ ਵਿਦਿਆਰਥੀਆਂ ਦੁਆਰਾ ਕਰਵਾਇਆ ਜਾਵੇਗਾ, ਇਸ ਨਾਲ ਵਿਦਿਆਰਥੀਆਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲੇਗਾ, ਇਸ ਸਬੰਧੀ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ-----

byte

--------------------------------------------------------

ਇਕ ਖੁਫੀਆ ਜਾਣਕਾਰੀ ਤੇ ਕਾਰਵਾਈ ਕਰਦੇ ਹੋਏ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਫਾਜ਼ਿਲਕਾ ਨੇ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇਕ ਮਾਡਿਊਲ ਦਾ ਪਰਦਾਫਾਸ਼ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹੈਂਡ ਗ੍ਰਨੇਡ, ਇੱਕ

ਆਧੁਨਿਕ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਪੁਲਿਸ ਸੂਤਰਾਂ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਬਰਾਮਦ ਕੀਤੇ ਗਏ ਹਥਿਆਰ ਪਾਕਿਸਤਾਨ ਤੋਂ ਪ੍ਰਾਪਤ ਕੀਤੇ ਗਏ ਨੇ ਤੇ ਪੰਜਾਬ ਵਿੱਚ ਯੋਜਨਾਬੱਧ ਅਪਰਾਧਿਕ ਗਤੀਵਿਧੀਆਂ ਲਈ ਡਰੋਨ ਰਾਹੀਂ ਪਹੁੰਚਾਏ ਗਏ ਨੇ। ਅਗਲੀ ਜਾਂਚ ਜਾਰੀ ਏ। ਚਾਰ ਦਿਨਾਂ ਅੰਦਰ ਇਹ ਦੂਜੀ ਅਜਿਹੀ ਘਟਨਾ ਏ ਜਦੋਂ ਹੈਂਡ ਗ੍ਰਨੇਡ, ਹੋਰ ਹਥਿਆਰ ਤੇ ਗੋਲਾ ਬਾਰੂਦ ਬਰਾਮਦ ਕੀਤਾ ਗਿਆ ਏ। ਇਸ ਤੋਂ ਪਹਿਲਾਂ 21 ਨਵੰਬਰ ਨੂੰ ਲੁਧਿਆਣਾ ਪੁਲਿਸ ਨੇ ਇਕ ਮੁਕਾਬਲੇ ਤੋਂ ਬਾਅਦ ਇਕ ਅੱਤਵਾਦੀ ਮਾਡਿਊਲ ਦੇ ਦੋ ਵਿਅਕਤੀਆਂ ਤੋਂ ਦੋ ਚੀਨੀ ਹੈਂਡ ਗ੍ਰਨੇਡ, ਪੰਜ ਆਧੁਨਿਕ ਪਿਸਤੌਲ ਅਤੇ ਲਗਭਗ 50 ਜ਼ਿੰਦਾ ਕਾਰਤੂਸ ਜ਼ਬਤ ਕੀਤੇ ਸਨ।

---

ਬੀਤੇ ਦਿਨ 14 ਲੱਖ ਰੁਪਏ ਦੀ ਬੇਹਿਸਾਬੀ ਨਕਦੀ ਨਾਲ ਖੁਦ ਦੀ ਸਰਕਾਰੀ ਰਿਹਾਇਸ਼ ਤੋਂ ਗ੍ਰਿਫ਼ਤਾਰ ਕੀਤੇ ਬਟਾਲਾ ਦੇ ਐਸ.ਡੀ.ਐਮ. ਤੇ ਨਗਰ ਨਿਗਮ ਕਮਿਸ਼ਨਰ ਵਿਕਰਮਜੀਤ ਸਿੰਘ ਪਾਂਥੇ ਨੂੰ ਅੱਜ ਵਿਜੀਲੈਂਸ ਟੀਮ ਗੁਰਦਾਸਪੁਰ ਵੱਲੋਂ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਵਿਜੀਲੈਂਸ ਵਿਭਾਗ ਦੇ ਇੰਸਪੈਕਟਰ ਇੰਦਰਜੀਤ ਸਿੰਘ ਨੇ ਦੱਸਿਆ ਕੇ ਅਦਾਲਤ

ਵੱਲੋਂ ਵਿਕਰਮਜੀਤ ਸਿੰਘ ਨੂੰ ਦੋ ਦਿਨ ਦੇ ਹੋਰ ਵਿਜੀਲੈਂਸ ਰਿਮਾਂਡ ਤੇ ਭੇਜ ਦਿੱਤਾ ਗਿਆ ਏ।

------------------------------------------------------------------

ਫ਼ਰੀਦਕੋਟ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਕ੍ਰਿਸ਼ੀ ਉੱਨਤੀ ਯੋਜਨਾ ਤਹਿਤ ਸਹਿਕਾਰੀ ਖੰਡ ਮਿੱਲ ਫਾਜ਼ਿਲਕਾ ਵਿਖੇ ਦੋ ਰੋਜ਼ਾ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ, ਜਿਸ ਵਿਚ ਅਗਾਂਹ ਵਧੂ ਕਿਸਾਨਾਂ ਨੇ ਭਾਗ ਲਿਆ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸਹਾਇਕ ਗੰਨਾ ਵਿਕਾਸ ਅਫਸਰ ਡਾ ਰਣਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕਿਸਾਨਾਂ ਨੂੰ ਗੰਨੇ ਦੀ ਖੇਤੀ ਵਿਚੋਂ ਵਧੇਰੇ ਆਮਦਨ ਦੇਣ ਤੇ ਉਨ੍ਹਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਫਸਲਾਂ ਦੀ ਬਿਜਾਈ ਹੇਠ ਰਕਬਾ ਵਧਾਉਣ ਲਈ ਪ੍ਰਦਰਸ਼ਨੀ ਪਲਾਟ ਲਗਾਏ ਜਾ ਰਹੇ ਨੇ। ਪੀ.ਏ.ਯੂ. ਦੇ  ਸੀਨੀਅਰ ਫਸਲ ਵਿਗਿਆਨੀ ਡਾ ਪ੍ਰਦੀਪ ਗੋਇਲ ਵੱਲੋਂ ਕਿਸਾਨਾਂ ਨੂੰ ਗੰਨੇ ਦੀ ਫ਼ਸਲ ਵਿੱਚ ਨਦੀਨ, ਸਿੰਚਾਈ ਅਤੇ ਖਾਦ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ ਗਈ। ਜਿਲਾ ਸਿਖ਼ਲਾਈ ਦਫ਼ਤਰ ਫਰੀਦਕੋਟ ਤੋਂ ਪਹੁੰਚੇ ਖੇਤੀ ਮਾਹਿਰ ਡਾ ਯਾਦਵਿੰਦਰ ਸਿੰਘ ਗਿੱਲ  ਵੱਲੋਂ ਵਧੇਰੇ ਝਾੜ ਲੈਣ ਬਾਰੇ ਜਾਣਕਾਰੀ ਦਿੱਤੀ ਗਈ।

------------------------------------------------------------------

- ਪ੍ਰਧਾਨ ਮੰਤਰੀ ਨੇ ਅਯੁੱਧਿਆ ਵਿਖੇ ਸ਼੍ਰੀ ਰਾਮ ਜਨਮ ਭੂਮੀ ਮੰਦਰ ਦੇ ਸਿਖਰ ੭ਤੇ ਧਰਮ ਝੰਡਾ ਲਹਿਰਾਇਆ |

- ਪ੍ਰਧਾਨ ਮੰਤਰੀ ਵਲੋਂ ਕੁਰੂਕਸ਼ੇਤਰ ਵਿਚ ਗੁਰੂ ਤੇਗ ਬਹਾਦਰ ਜੀ ਦੀ  ਯਾਦ ਵਿੱਚ ਡਾਕ ਟਿਕਟ ਤੇ ਸਿੱਕਾ ਜਾਰੀ |

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਗੁਰੂ ਤੇਗ਼ ਬਹਾਦਰ ਜੀ ਦੇ ਨਾਮ ੭ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕਰਨ ਦਾ ਐਲਾਨ |

- ਰਿਸ਼ਵਤ ਮਾਮਲੇ ਚ ਗ੍ਰਿਫ਼ਤਾਰ ਬਟਾਲਾ ਦੇ ਐਸ.ਡੀ.ਐਮ. ਤੇ ਨਗਰ ਨਿਗਮ ਕਮਿਸ਼ਨਰ ਵਿਕਰਮਜੀਤ ਸਿੰਘ ਪਾਂਥੇ ਨੂੰ ਦੋ ਦਿਨ ਦੇ ਹੋਰ ਵਿਜੀਲੈਂਸ ਰਿਮਾਂਡ ਤੇ ਭੇਜਿਆ |

- ਕਲ 76ਵਾਂ ਸੰਵਿਧਾਨ ਦਿਵਸ ਮਨਾਇਆ ਜਾ ਰਿਹੈ-ਪੰਜਾਬ ਵਿਚ ਸਕੂਲੀ ਬਚਿਆ ਲਈ ਇਕ ਵਿਸ਼ੇਸ਼ ਉਪਰਾਲਾ ਕੀਤਾ ਗਿਆ ਏ |

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,      ਖਬਰਾਂ ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ   ਨਮਸਕਾਰ  !**